ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਲਈ ਇਨਕਲਾਬੀ ਫ਼ੈਸਲੇ ਲੈਣ ਵਾਲਾ ਪਹਿਲਾ ਸੂਬਾ-ਸ਼ਰਨਜੀਤ ਸਿੰਘ ਢਿੱਲੋਂ**

- **ਪੰਜਾਬ ਸਰਕਾਰ ਨੇ ਸੇਵਾ ਕੇਂਦਰ ਪ੍ਰੋਜੈਕਟ ਲਾਗੂ ਕਰਕੇ ਲੋਕਾਂ ਨੂੰ ਬਿਹਤਰ ਪ੍ਰਸਾਸ਼ਨ ਮੁਹੱਈਆ ਕਰਵਾਉਣ ਦਾ ਵਾਅਦਾ ਨਿਭਾਇਆ**
- **ਸੇਵਾ ਕੇਂਦਰਾਂ ਤੋਂ ਲੋਕਾਂ ਨੂੰ ਮਿਲਣਗੀਆਂ 62 ਸੇਵਾਵਾਂ**
- **ਕਿਹਾ, ਪੰਜਾਬ ਸਰਕਾਰ ਵੱਲੋਂ ਪਿਛਲੇ ਲਗਭੱਗ ਸਾਢੇ 9 ਸਾਲਾਂ ਤੋਂ ਸੂਬੇ ਦੇ ਸਰਬ-ਪੱਖੀ ਵਿਕਾਸ ਲਈ ਗੰਭੀਰ ਉਪਰਾਲੇ ਜਾਰੀ**
- **ਵਿਰੋਧੀ ਪਾਰਟੀਆਂ ਦੇ ਨੇਤਾ ਪੰਜਾਬ ਦਾ ਕੋਈ ਭਲਾ ਨਹੀਂ ਸੋਚ ਸਕਦੇ**
- **ਲੋਕ ਭਲਾਈ ਕਾਰਜ ਅਤੇ ਵਿਕਾਸ ਪ੍ਰੋਜੈਕਟ ਕੇਵਲ ਸ਼੍ਰੋਮਣੀ ਅਕਾਲੀ ਦਲ ਦੇ ਹੀ ਹਿੱਸੇ ਆਏ**
- **ਨਗਰ ਨਿਗਮ ਮੋਗਾ ਸਥਿਤ ਸੇਵਾ ਕੇਂਦਰ ਸਮੇਤ ਹੋਰ ਤਿੰਨ ਸੇਵਾ ਕੇਂਦਰਾਂ ਦਾ ਕੀਤਾ ਉਦਘਾਟਨ**

ਮੋਗਾ ਅਗਸਤ 12:

ਪੰਜਾਬ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਲਈ ਇਨਕਲਾਬੀ ਫ਼ੈਸਲੇ ਲੈਣ ਵਾਲਾ ਪਹਿਲਾ ਸੂਬਾ ਹੈ ਅਤੇ ਪੰਜਾਬ ਸਰਕਾਰ ਨੇ ਸੇਵਾ ਕੇਂਦਰ ਪ੍ਰੋਜੈਕਟ ਲਾਗੂ ਕਰਕੇ ਲੋਕਾਂ ਨੂੰ ਬਿਨ੍ਹਾਂ ਕਿਸੇ ਦਖਲ-ਅੰਦਾਜ਼ੀ ਤੋਂ ਚੰਗਾ ਪ੍ਰਸਾਸ਼ਨ ਮੁਹੱਈਆ ਕਰਵਾਉਣ ਦਾ ਵਾਅਦਾ ਨਿਭਾਇਆ ਹੈ।

ਇਹ ਪ੍ਰਗਟਾਵਾ ਸਿੰਚਾਈ ਮੰਤਰੀ ਪੰਜਾਬ ਸ. ਸ਼ਰਨਜੀਤ ਸਿੰਘ ਢਿੱਲੋਂ ਨੇ ਅੱਜ ਨਗਰ ਨਿਗਮ ਮੋਗਾ ਸਥਿਤ ਸੇਵਾ ਕੇਂਦਰ ਦਾ ਉਦਘਾਟਨ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਤੋਂ ਪਹਿਲਾਂ ਸ. ਢਿੱਲੋਂ ਨੇ ਪਿੰਡ ਸੇਵਾ ਕੇਂਦਰ ਲੰਢੇ ਕੇ, ਸੇਵਾ ਕੇਂਦਰ ਨੇੜੇ ਵਾਟਰ ਵਰਕਸ ਗਿੱਲ ਪੈਲੇਸ ਮੋਗਾ ਤੇ ਸੇਵਾ ਕੇਂਦਰ ਨੇੜੇ ਮਹਿਲਾ ਸਿੰਘ ਪਟਵਾਰ ਖਾਨਾ ਮੋਗਾ ਦਾ ਵੀ ਰਿਬਨ ਕੱਟ ਕੇ ਉਦਘਾਟਨ ਕੀਤਾ ਅਤੇ ਜ਼ਿਲ੍ਹੇ 'ਚ ਸ਼ਹਿਰੀ ਖੇਤਰਾਂ ਵਿੱਚ ਬਣੇ 11 ਸੇਵਾ ਕੇਂਦਰ ਲੋਕ ਅਰਪਣ ਕੀਤੇ ਗਏ।

ਸ. ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲਗਭੱਗ ਸਾਢੇ 9 ਸਾਲਾਂ ਤੋਂ ਮਾਣਯੋਗ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਅਤੇ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਲਗਾਤਾਰ ਸੂਬੇ ਦੇ ਸਰਬ-ਪੱਖੀ ਵਿਕਾਸ ਤੇ ਲੋਕਾਂ ਨੂੰ ਬਿਹਤਰ ਪ੍ਰਸ਼ਾਸ਼ਨ ਦੇਣ ਲਈ ਗੰਭੀਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਕੰਮ ਕਰਵਾਉਣ ਲਈ ਵੱਖ-ਵੱਖ ਦਫ਼ਤਰਾਂ ਦੇ ਗੇੜਿਆਂ ਤੋਂ ਮੁਕਤ ਕਰਵਾਉਣ ਦੇ ਮੰਤਵ ਨਾਲ 2,147 ਸੇਵਾ ਕੇਂਦਰ ਸਥਾਪਿਤ ਕੀਤੇ ਗਏ ਹਨ ਅਤੇ ਇੰਨ੍ਹਾਂ ਸੇਵਾ ਕੇਂਦਰਾਂ 'ਚ ਲੋਕਾਂ ਨੂੰ ਇੱਕੋ ਛੱਤ ਹੇਠ ਵੱਖ-ਵੱਖ ਸੇਵਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਮੁੱਢਲੇ ਸਮੇਂ ਵਿੱਚ ਇੰਨ੍ਹਾਂ ਸੇਵਾ ਕੇਂਦਰਾਂ 'ਚ 62 ਸੇਵਾਵਾਂ ਉਪਲੱਬਧ ਹੋਣਗੀਆਂ, ਜਿੰਨ੍ਹਾਂ ਵਿੱਚ ਹੌਲੀ-ਹੌਲੀ ਵਾਧਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਰਾਜ ਵਿੱਚ ਆਰਥਿਕ ਪੱਧਰ 'ਤੇ ਹੋ ਰਹੇ ਤੇਜ਼ੀ ਨਾਲ ਵਿਕਾਸ ਸਦਕਾ ਅੱਜ ਸੂਬੇ ਦੇ ਲੋਕ ਇੰਨ੍ਹਾਂ ਸੇਵਾ ਕੇਂਦਰਾਂ ਤੋਂ ਵਿਕਸਤ ਮੁਲਕਾਂ ਵਾਂਗ ਹੀ ਸੁਖਾਲਾ, ਪ੍ਰਭਾਵਸ਼ਾਲੀ ਅਤੇ ਸਿਫ਼ਾਰਸ ਰਹਿਤ ਕੰਮ-ਕਾਜ਼ ਕਰਵਾ ਸਕਣਗੇ। ਉਨ੍ਹਾਂ ਕਿਹਾ ਕਿ ਇੰਨ੍ਹਾਂ ਸੇਵਾ ਕੇਂਦਰਾਂ ਦੀ ਸਥਾਪਨਾ

ਭਵਿੱਖ ਦੀਆਂ ਚੁਣੌਤੀਆਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਗਈ ਹੈ ਅਤੇ ਇਹ ਕਾਰਜ ਵਿਧੀ ਕਈ ਦਹਾਕਿਆਂ ਤੱਕ ਲੋਕਾਂ ਲਈ ਲਾਭਕਾਰੀ ਸਾਬਤ ਹੋਵੇਗੀ।

ਸ਼੍ਰੋਮਣੀ ਅਕਾਲੀ ਦਲ-ਭਾਜਪਾ ਗਠਜੋੜ ਸਰਕਾਰ ਵੱਲੋਂ ਸੂਬੇ 'ਚ ਪਿਛਲੇ ਲਗਭੱਗ ਸਾਢੇ 9 ਸਾਲਾਂ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਸ. ਢਿੱਲੋਂ ਨੇ ਕਿਹਾ ਕਿ ਸਮੁੱਚੇ ਸੂਬੇ ਵਿੱਚ ਚਾਰ ਤੇ ਛੇ ਮਾਰਗੀ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਆਵਾਜਾਈ 'ਚ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ। ਉਨ੍ਹਾਂ ਦੱਸਿਆ ਕਿ ਮਾਈ ਭਾਗੋ ਵਿੱਦਿਆ ਸਕੀਮ ਤਹਿਤ ਸਕੂਲੀ ਵਿਦਿਆਰਥਣਾਂ ਨੂੰ ਸਾਈਕਲਾਂ ਦੀ ਮੁਫ਼ਤ ਵੰਡ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਟਾ-ਦਾਲ ਸਕੀਮ, ਸ਼ਗਨ ਸਕੀਮ, ਬੁਢਾਪਾ ਪੈਨਸ਼ਨ ਸਕੀਮ ਅਤੇ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਆਦਿ ਲੋਕ ਭਲਾਈ ਸਕੀਮਾਂ ਰਾਹੀਂ ਅਨੇਕਾਂ ਲਾਭਪਾਤਰੀ ਲਾਭ ਉਠਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਦਿਨਾਂ ਦੌਰਾਨ ਸੂਬੇ ਦੇ ਹਰੇਕ ਸਰਕਾਰੀ ਹਸਪਤਾਲ 'ਚ ਦੁਕਾਨਾਂ ਰਾਹੀ ਲੋਕਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ, ਜਿਸ ਨਾਲ ਗਰੀਬ ਵਰਗ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।

ਸ. ਢਿੱਲੋਂ ਨੇ ਵਿਰੋਧੀ ਪਾਰਟੀਆਂ ਦੇ ਨੇਤਾਵਾਂ 'ਤੇ ਤਿੱਖਾ ਵਾਰ ਕਰਦਿਆਂ ਕਿਹਾ ਕਿ ਅਪਰਾਧੀ ਕਿਸਮ ਦੇ ਅਜਿਹੇ ਲੋਕ ਪੰਜਾਬ ਦਾ ਕੋਈ ਭਲਾ ਨਹੀਂ ਸੋਚ ਸਕਦੇ ਅਤੇ ਕੇਵਲ ਮਦਾਰੀ ਵਾਂਗ ਡੁਗਡੁਗੀ ਵਜਾ ਕੇ ਪੰਜਾਬ ਦੇ ਲੋਕਾਂ ਨੂੰ ਤਮਾਸ਼ਾ ਦਿਖਾ ਰਹੇ ਹਨ, ਜਦਕਿ ਲੋਕ ਭਲਾਈ ਕਾਰਜ ਅਤੇ ਵਿਕਾਸ ਪ੍ਰੋਜੈਕਟ ਕੇਵਲ ਸ਼੍ਰੋਮਣੀ ਅਕਾਲੀ ਦਲ ਦੇ ਹੀ ਹਿੱਸੇ ਆਏ ਹਨ।

ਇਸ ਮੌਕੇ ਵਿਧਾਇਕ ਮੋਗਾ ਸ੍ਰੀ ਜੋਗਿੰਦਰ ਪਾਲ ਜੈਨ ਨੇ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਤੇ ਯੋਜਨਾਵਾਂ ਨੂੰ ਸਫ਼ਲਤਾ ਪੂਰਵਿਕ ਲਾਗੂ ਕੀਤਾ ਜਾ ਰਿਹਾ ਹੈ ਅਤੇ ਹਰੇਕ ਲੋੜਵੰਦ ਤੱਕ ਇੰਨ੍ਹਾਂ ਸਹੂਲਤਾਂ ਦੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ. ਤੀਰਥ ਸਿੰਘ ਮਾਹਲਾ ਨੇ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ ਮੋਗਾ ਸ੍ਰੀ ਜੋਗਿੰਦਰ ਪਾਲ ਜੈਨ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ. ਤੀਰਥ ਸਿੰਘ ਮਾਹਲਾ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ, ਵਧੀਕ ਡਿਪਟੀ ਕਮਿਸ਼ਨਰ ਅਜੇ ਸੂਦ, ਡਿਪਟੀ ਮੇਅਰ ਜਰਨੈਲ ਸਿੰਘ ਦੁੱਨੇ ਕੇ, ਐਸ.ਡੀ.ਐਮ ਸੁਰਿੰਦਰ ਕੌਰ, ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਅਨੀਤਾ ਦਰਸ਼ੀ, ਸਰਕਲ ਪ੍ਰਧਾਨ ਕੁਲਦੀਪ ਸਿੰਘ ਜੋਗੇਵਾਲਾ, ਜਗਜੀਤ ਸਿੰਘ ਜੌੜਾ, ਅਮਰਜੀਤ ਸਿੰਘ ਲੰਢੇ ਕੇ ਅਤੇ ਨਗਰ ਨਿਗਮ ਦੇ ਕੌਂਸਲਰ ਮੌਜੂਦ ਸਨ।

----------------

ਨੰ; ਪੀ.ਆਰ(ਪ੍ਰੈ
ਰੀ)2016/380








ਪੰਜਾਬ ਵਿੱਚ ਸ਼ਹਿਰੀ ਸੇਵਾ ਕੇਂਦਰਾਂ
ਉਦਘਾਟਨ
ਮੁੱਖ ਮਹਿਮਾਨ
ਸ. ਸ਼ਰਨਜੀਤ ਸਿੰਘ ਢਿੱਲੋਂ
ਸਿੰਚਾਈ ਮੰਤਰੀ ਪੰਜਾਬ




ਪੰਜਾਬ ਵਿੱਚ ਸ਼ਹਿਰੀ ਸੇਵਾ


MC

